# ਆਕਾਸ਼ਵਾਣੀ ਜਲੰਧਰ

# ਪ੍ਰਾਦੇਸ਼ਿਕ ਖਬਰਾਂ

## 13:10

**ਮਿਤੀ :04-09-2026**

ਉਪ ਰਾਸ਼ਟਰਪਤੀ ਅਤੇ ਪੰਜਾਬ ਯੂਨੀਵਰਸਿਟੀ ਦੇ ਉਪ-ਪ੍ਰਧਾਨ ਅਤੇ ਐਕਸ-ਓਫਿਸ਼ਓ , ਸੀ. ਪੀ. ਰਾਧਾਕ੍ਰਿਸ਼ਨਨ, ਅੱਜ ਪੰਜਾਬ ਚੰਡੀਗੜ੍ਹ ਯੂਨੀਵਰਸਿਟੀ ਦੇ ਦੌਰੇ 'ਤੇ ਨੇ। ਇਸ ਮੌਕੇ ਪੰਜਾਬ ਯੂਨੀਵਰਸਿਟੀ ਵਿਚ ਹੋ ਰਹੇ ਸਮਾਰੋਹ 'ਚ ਸ੍ਰੀ ਰਾਧਾਕ੍ਰਿਸ਼ਨਨ ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਅਤੇ ਸਾਬਕਾ ਕੇਂਦਰੀ ਮੰਤਰੀ ਮਨੀਸ਼ ਤਿਵਾੜੀ ਅਤੇ ਹੋਰ ਪਤਵੰਤੇ ਵੀ ਸ਼ਾਮਿਲ ਨੇ । ਉਪ-ਰਾਸ਼ਟਰਪਤੀ ਪੰਜਾਬ ਯੂਨੀਵਰਸਿਟੀ ਟੈਕ ਇਨੋਵੇਸ਼ਨ ਫੋਰਮ ਦਾ ਵੀ ਉਦਘਾਟਨ ਕਰਨਗੇ, ਜੋ ਯੂਨੀਵਰਸਿਟੀ ਦੇ ਖੋਜ, ਕਾਢ ਅਤੇ ਸਟਾਰਟਅੱਪ ਈਕੋਸਿਸਟਮ ਨੂੰ ਮਜ਼ਬੂਤ ਕਰਨ ਵਿੱਚ ਇੱਕ ਵੱਡਾ ਕਦਮ ਏ।

---------------------------------------------------------------------------

ਭਗਵਾਨ ਕ੍ਰਿਸ਼ਨ ਦੇ ਜਨਮ ਦਿਵਸ ਦਾ ਤਿਉਹਾਰ ਜਨਮ ਅਸ਼ਟਮੀ ਅੱਜ ਪੰਜਾਬ ਸਮੇਤ ਦੇਸ਼ ਭਰ ਵਿੱਚ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ

ਜਾ ਰਿਹਾ ਏ । BYTE
ਇਸ ਮੌਕੇ ਮੰਦਰਾਂ ਅਤੇ ਘਰਾਂ ਨੂੰ ਸਜਾਇਆ ਗਿਆ ਏ । ਉੱਤਰ ਪ੍ਰਦੇਸ਼ ਵਿੱਚ, ਭਗਵਾਨ ਕ੍ਰਿਸ਼ਨ ਨਾਲ ਜੁੜੇ ਸ਼ਹਿਰਾਂ ਮਥੁਰਾ ਅਤੇ ਵ੍ਰਿੰਦਾਵਨ ਵਿੱਚ ਵਿਸ਼ਾਲ ਜਨਮ ਅਸ਼ਟਮੀ ਸਮਾਰੋਹ ਦੀਆਂ ਤਿਆਰੀਆਂ ਪੂਰੀਆਂ ਹੋ ਗਈਆਂ ਨੇ । ਇਸੇ ਤਹਿਤ ਜਲੰਧਰ ਦੇ ਸ੍ਰੀ ਦੇਵੀ ਤਲਾਬ ਮੰਦਿਰ ਅਤੇ ਅੰਮ੍ਰਿਤਸਰ ਦੇ ਪ੍ਰਸਿੱਧ ਦੁਰਗਿਆਣਾ ਮੰਦਰ ਵਿੱਚ ਵੀ ਸ੍ਰੀ ਕ੍ਰਿਸ਼ਨ ਜਨਮ ਅਸ਼ਟਮੀ ਨੂੰ ਲੈ ਕੇ ਵਿਸ਼ੇਸ਼ ਤਿਆਰੀਆਂ ਕੀਤੀਆਂ ਗਈਆਂ ਨੇ ।
ਰਾਸ਼ਟਰਪਤੀ ਦ੍ਰੋਪਦੀ ਮੁਰਮੂ ਅਤੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਜਨਮ ਅਸ਼ਟਮੀ ਦੇ ਮੌਕੇ 'ਤੇ ਦੇਸ਼ ਵਾਸੀਆਂ ਨੂੰ ਵਧਾਈ ਦਿੱਤੀ ਏ । ਉਨ੍ਹਾਂ ਕਿਹਾ ਕਿ ਭਗਵਾਨ ਕ੍ਰਿਸ਼ਨ ਦਾ ਜੀਵਨ ਅਤੇ ਸਿੱਖਿਆਵਾਂ ਭਾਰਤ ਦੀ ਸੱਭਿਆਚਾਰਕ ਅਤੇ ਦਾਰਸ਼ਨਿਕ ਵਿਰਾਸਤ ਨੂੰ ਇੱਕ ਨਵੀਂ ਦਿਸ਼ਾ ਪ੍ਰਦਾਨ ਕਰਦੀਆਂ ਨੇ । ਜਨਮ ਅਸ਼ਟਮੀ ਦੇ ਮੌਕੇ 'ਤੇ ਦੇਸ਼ ਵਾਸੀਆਂ ਨੂੰ ਵਧਾਈਆਂ ਦਿੱਤੀਆਂ ਨੇ । ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਕਿ ਭਗਵਾਨ ਸ੍ਰੀ ਕ੍ਰਿਸ਼ਨ ਦੇ ਬ੍ਰਹਮ ਸੰਦੇਸ਼ ਨਿਰਸਵਾਰਥ ਕਾਰਜ ਲਈ ਇੱਕ ਡੂੰਘੀ ਪ੍ਰੇਰਨਾ ਨੂੰ ਦਰਸਾਉਂਦੇ ਨੇ, ਜਿਸਨੇ ਮਨੁੱਖਤਾ ਦਾ ਨਿਰੰਤਰ ਮਾਰਗਦਰਸ਼ਨ ਕੀਤਾ ਏ । ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਸ੍ਰੀ ਕ੍ਰਿਸ਼ਨ ਜਨਮ ਅਸ਼ਟਮੀ ਦੇ ਪਾਵਨ ਮੌਕੇ ’ਤੇ ਸਾਰੇ ਪੰਜਾਬੀਆਂ ਨੂੰ ਨਿੱਘੀਆਂ ਸ਼ੁਭਕਾਮਨਾਵਾਂ ਦਿੱਤੀਆਂ ਨੇ ।

---

ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਜੇਕਰ ਮੁਲਾਜ਼ਮ ਚਾਹੁੰਦੇ ਨੇ ਤਾਂ ਪੰਜਾਬ ਸਰਕਾਰ ਉਨ੍ਹਾਂ ਨੂੰ ਕੇਂਦਰ ਸਰਕਾਰ ਦੇ ਮੁਲਾਜ਼ਮਾਂ ਦੇ ਬਰਾਬਰ ਤਨਖਾਹ ਅਤੇ ਡੀਏ ਦਿੱਤਾ ਜਾਵੇਗਾ। ਉਨ੍ਹਾਂ ਸਪੱਸ਼ਟ ਕੀਤਾ ਕਿ ਸੂਬਾ ਸਰਕਾਰ ਕੇਂਦਰ ਦੇ ਡੀਏ ਦੇ ਬਰਾਬਰ ਡੀਏ ਦੇਣ ਦੀ ਬਜਾਏ ਸਮੁੱਚੀ ਤਨਖਾਹ ਨੂੰ ਕੇਂਦਰ ਦੇ ਬਰਾਬਰ ਕਰਨ ਲਈ ਤਿਆਰ ਏ । ਵਿੱਤ ਮੰਤਰੀ ਹਰਪਾਲ ਸਿੰਘ ਚੀਮਾ, ਉਦਯੋਗ ਅਤੇ ਵਣਜ ਮੰਤਰੀ ਅਮਨ ਅਰੋੜਾ ਅਤੇ ਸਮਾਜਿਕ ਸੁਰੱਖਿਆ ਮੰਤਰੀ ਡਾ. ਬਲਜੀਤ ਕੌਰ ਦੀ ਸ਼ਮੂਲੀਅਤ ਵਾਲੇ ਪੰਜਾਬ ਦੇ ਮੰਤਰੀ ਸਮੂਹ ਨੇ ਕਿਹਾ ਕਿ ਕੇਂਦਰ ਵੱਲੋਂ ਵੱਧ ਡੀਏ ਦਿੱਤੇ ਜਾਣ ਦੇ ਬਾਵਜੂਦ ਕਈ ਪ੍ਰਮੁੱਖ ਕੈਟਗਰੀ ਦੇ ਪੰਜਾਬ ਦੇ ਮੁਲਾਜ਼ਮ ਪਹਿਲਾਂ ਹੀ ਕੇਂਦਰ ਸਰਕਾਰ ਵਿੱਚ ਕੰਮ ਕਰ ਰਹੇ ਆਪਣੇ ਹਮਰੁਤਬਾ ਨਾਲੋਂ ਵੱਧ ਤਨਖਾਹ ਲੈ ਰਹੇ ਹਨ। ਮੰਤਰੀਆਂ ਨੇ ਕਿਹਾ ਕਿ ਪੰਜਾਬ ਦੇ ਮੌਜੂਦਾ ਤਨਖਾਹ ਢਾਂਚੇ ਤਹਿਤ ਸੂਬੇ ਵੱਲੋਂ ਆਪਣੇ ਮਾਲੀਏ ਦਾ 51 ਫ਼ੀਸਦ ਤਨਖਾਹਾਂ ਅਤੇ ਪੈਨਸ਼ਨਾਂ 'ਤੇ ਖਰਚ ਕੀਤਾ ਜਾਂਦਾ ਏ ਜਦੋਂ ਕਿ ਭਾਰਤ ਵਿੱਚ ਇਹ ਔਸਤ 38 ਫ਼ੀਸਦ ਏ । ਉਨ੍ਹਾਂ ਇਹ ਵੀ ਦੱਸਿਆ ਕਿ ਸਰਕਾਰ ਵੱਲੋਂ ਡੀਏ ਵਿੱਚ 14 ਫ਼ੀਸਦ ਵਾਧਾ ਕੀਤਾ ਗਿਆ ਏ ।

--------------------------------------------------------------------

ਪੰਜਾਬ ਸਰਕਾਰ ਵੱਲੋਂ ਸਰਕਾਰੀ ਪੌਲੀਟੈਕਨਿਕਾਂ ਅਤੇ ਆਈ.ਟੀ.ਆਈਜ਼ ਨੂੰ ਉਦਯੋਗਾਂ ਦੇ ਅਨੁਕੂਲ, ਕਾਡਾਂ ਤੇ ਅਧਾਰਤ ਅਤੇ ਰੁਜ਼ਗਾਰ ਮੁਖੀ ਸੰਸਥਾਵਾਂ ਵਿੱਚ ਬਦਲਣ ‘ਤੇ ਜ਼ੋਰ ਦਿੱਤਾ ਜਾ ਰਿਹਾ ਏ। ਪੰਜਾਬ ਰਾਜ ਤਕਨੀਕੀ ਸਿੱਖਿਆ ਅਤੇ ਉਦਯੋਗਿਕ ਸਿਖਲਾਈ ਬੋਰਡ ਵੱਲੋਂ ਅੱਜ ਖੇਤਰੀ ਉਦਯੋਗ-ਅਕਾਦਮਿਕ ਸੰਮੇਲਨ ਕਰਵਾਇਆ ਗਿਆ, ਜਿਸ ਤਹਿਤ ਤਕਨੀਕੀ ਸਿੱਖਿਆ ਨੂੰ ਉਦਯੋਗ ਦੀਆਂ ਅਸਲ ਜ਼ਰੂਰਤਾਂ ਨਾਲ ਜੋੜਨ ਲਈ ਪ੍ਰਮੁੱਖ ਕੰਪਨੀਆਂ ਅਤੇ ਉਦਯੋਗਪਤੀਆਂ ਨੂੰ ਇਕ ਮੰਚ ‘ਤੇ ਲਿਆਂਦਾ ਗਿਆ।

ਇਸ ਮੌਕੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਇਹ ਸੰਮੇਲਨ ਪੰਜਾਬ ਦੀਆਂ ਸਰਕਾਰੀ ਪੌਲੀਟੈਕਨਿਕਾਂ ਅਤੇ ਆਈ.ਟੀ.ਆਈਜ਼ ਵਿੱਚ ਕੀਤੇ ਜਾ ਰਹੇ ਵਿਆਪਕ ਸੁਧਾਰ ਦਾ ਹਿੱਸਾ ਏ ਜਿਸਦਾ ਉਦੇਸ਼ ਅਕਾਦਮਿਕ ਸਮਰੱਥਾਵਾਂ ਅਤੇ ਰੁਜ਼ਗਾਰ ਲਈ ਲੋੜੀਂਦੇ ਹੁਨਰਾਂ ਦਰਮਿਆਨ ਪਾੜੇ ਨੂੰ ਪੂਰਨਾ ਏ ।

ਮੰਤਰੀ ਨੇ ਕਿਹਾ ਕਿ ਸਰਕਾਰ ਦਾ ਟੀਚਾ ਪੰਜਾਬ ਨੂੰ ਤਕਨੀਕੀ ਸਿੱਖਿਆ ਵਿੱਚ ਨੰਬਰ 1 ਸੂਬਾ ਬਣਾਉਣਾ ਏ ਅਤੇ ਕੋਈ ਵੀ ਵਿਦਿਆਰਥੀ ਆਪਣੇ ਅਦਾਰਿਆਂ ਵਿੱਚੋਂ ਬਿਨ੍ਹਾਂ ਰੁਜ਼ਗਾਰ ਨਹੀਂ ਜਾਣਾ ਚਾਹੀਦਾ।

ਸਿੱਖਿਆ ਮੰਤਰੀ ਨੇ ਕਿਹਾ ਕਿ ਆਈ. ਟੀ. ਆਈਜ਼ ਅਤੇ ਪੌਲੀਟੈਕਨਿਕਾਂ

ਨੂੰ ਰੁਜ਼ਗਾਰ ਮੁਖੀ ਸੰਸਥਾਵਾਂ ਵਿੱਚ ਬਦਲਿਆ ਜਾ ਰਿਹਾ ਏ ਜਿੱਥੇ ਵਿਦਿਆਰਥੀ ਸਿਰਫ਼ ਪੁਰਾਣੀਆਂ ਕਿਤਾਬਾਂ ਤੋਂ ਹੀ ਨਹੀਂ, ਸਗੋਂ ਉਨ੍ਹਾਂ ਮਸ਼ੀਨਾਂ ਅਤੇ ਤਕਨਾਲੋਜੀਆਂ ਤੋਂ ਸਿੱਖਣਗੇ ਜਿਨ੍ਹਾਂ ਦੀ ਵਰਤੋਂ ਉਹ ਆਪਣੇ ਪੇਸ਼ੇਵਰ ਜੀਵਨ ਵਿੱਚ ਕਰਨਗੇ। ਪਾਠਕ੍ਰਮ ਵਿੱਚ ਉਦਯੋਗ ਦੀ ਭਾਗੀਦਾਰੀ ਇਹ ਯਕੀਨੀ ਬਣਾਏਗੀ ਕਿ ਵਿਦਿਆਰਥੀ ਜੋ ਸਿੱਖਦੇ ਹਨ ਉਹ ਕੰਮ ਸਬੰਧੀ ਤੇਜ਼ੀ ਨਾਲ ਬਦਲਦੀਆਂ ਜ਼ਰੂਰਤਾਂ ਦੇ ਅਨੁਕੂਲ ਰਹੇ।

---------------------------------------------------------------------------

ਪੰਜਾਬ ਦੇ ਵਿੱਤ ਮੰਤਰੀ ਅਤੇ ਮੁਲਾਜ਼ਮਾਂ ਦੇ ਮਸਲੇ ਹੱਲ ਕਰਨ ਲਈ ਬਣਾਈ ਗਈ ਕੈਬਨਿਟ ਸਬ-ਕਮੇਟੀ ਦੇ ਚੇਅਰਮੈਨ ਹਰਪਾਲ ਸਿੰਘ ਚੀਮਾ ਨੇ ਅੱਜ ਵੱਖ-ਵੱਖ ਮੁਲਾਜ਼ਮ ਜਥੇਬੰਦੀਆਂ ਨਾਲ ਅਹਿਮ ਮੀਟਿੰਗਾਂ ਕੀਤੀਆਂ। ਉਨ੍ਹਾਂ ਦੀਆਂ ਮੰਗਾਂ ਅਤੇ ਚਿੰਤਾਵਾਂ ਨੂੰ ਹਮਦਰਦੀ ਨਾਲ ਸੁਣਦਿਆਂ, ਵਿੱਤ ਮੰਤਰੀ ਨੇ ਸਬੰਧਤ ਵਿਭਾਗਾਂ ਨੂੰ ਢੁਕਵੇਂ ਹੱਲ ਲੱਭਣ ਲਈ ਤੁਰੰਤ ਨਿਰਦੇਸ਼ ਜਾਰੀ ਕੀਤੇ। ਜਥੇਬੰਦੀਆਂ ਵੱਲੋਂ ਉਠਾਏ ਗਏ ਮਸਲਿਆਂ 'ਤੇ ਹਮਦਰਦੀ ਨਾਲ ਵਿਚਾਰ ਕਰਦਿਆਂ, ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਸਬੰਧਤ ਵਿਭਾਗਾਂ ਨੂੰ ਜਾਇਜ਼ ਮੰਗਾਂ ਦੇ ਹੱਲ ਸਬੰਧੀ ਤਜਵੀਜ਼ਾਂ ਕੈਬਨਿਟ ਸਬ-ਕਮੇਟੀ ਨੂੰ ਭੇਜਣ ਦੇ ਨਿਰਦੇਸ਼ ਦਿੱਤੇ। ਇਸ ਤੋਂ ਇਲਾਵਾ, ਉਨ੍ਹਾਂ ਹਦਾਇਤ ਕੀਤੀ ਕਿ ਵਿੱਤੀ ਮਾਮਲਿਆਂ ਵਾਲੀਆਂ ਤਜਵੀਜ਼ਾਂ ਨੂੰ ਪਹਿਲ ਦੇ ਆਧਾਰ 'ਤੇ ਵਿੱਤ ਵਿਭਾਗ ਨੂੰ ਭੇਜਿਆ ਜਾਵੇ ਤਾਂ

ਜੋ ਤੁਰੰਤ ਲੋੜੀਂਦੀ ਕਾਰਵਾਈ ਯਕੀਨੀ ਬਣਾਈ ਜਾ ਸਕੇ। ਉਨ੍ਹਾਂ ਜਥੇਬੰਦੀ ਦੇ ਨੁਮਾਇੰਦਿਆਂ ਨੂੰ ਭਰੋਸਾ ਦਿਵਾਇਆ ਕਿ ਉਨ੍ਹਾਂ ਦੀਆਂ ਜਾਇਜ਼ ਮੰਗਾਂ ਨੂੰ ਤੁਰੰਤ ਹੱਲ ਕੀਤਾ ਜਾਵੇਗਾ, ਅਤੇ ਇਹ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਸਰਕਾਰ ਦੀ ਮੁੱਖ ਤਰਜੀਹ ਹੈ। ਕਾਰਵਾਈ ਦੌਰਾਨ ਵੱਖ-ਵੱਖ ਨੁਮਾਇੰਦਿਆਂ ਵੱਲੋਂ ਆਪੋ-ਆਪਣੀਆਂ ਜਥੇਬੰਦੀਆਂ ਦੀ ਤਰਫੋਂ ਮੰਗਾਂ ਅਤੇ ਮਸਲਿਆਂ ਨੂੰ ਵਿਸਥਾਰ ਨਾਲ ਸਾਂਝਾ ਕੀਤਾ ਗਿਆ।

--------------------------------------------------------------------

ਕ੍ਰਿਕੇਟ ਵਿੱਚ ਭਾਰਤ ਨੇ 'ਮਹਿਲਾ ਏਸ਼ੀਆ ਕੱਪ' ਦੇ ਸੱਤਵੇਂ ਮੈਚ ਵਿੱਚ ਹਾਂਗਕਾਂਗ ਦੀ ਟੀਮ 'ਤੇ 137 ਦੌੜਾਂ ਦੀ ਵੱਡੀ ਜਿੱਤ ਦਰਜ ਕੀਤੀ ਏ । ਇਸ ਜਿੱਤ ਨਾਲ, ਭਾਰਤੀ ਮਹਿਲਾ ਕ੍ਰਿਕਟ ਟੀਮ ਨੇ ਸੈਮੀ-ਫਾਈਨਲ ਵਿੱਚਜਗ੍ਹਾ ਬਣਾ ਲਈ ਏ | ਦੁਬਈ ਅੰਤਰਰਾਸ਼ਟਰੀ ਕ੍ਰਿਕਟ ਸਟੇਡੀਅਮ ਵਿੱਚ ਟਾਸ ਹਾਰਨ ਤੋਂ ਬਾਅਦ ਬੱਲੇਬਾਜ਼ੀ ਕਰਦਿਆਂ ਭਾਰਤੀ ਟੀਮ ਨੇ ਸਲਾਮੀ ਬੱਲੇਬਾਜ਼ ਸਮ੍ਰਿਤੀ ਮੰਧਾਨਾ ਦੇ ਸੈਂਕੜੇ ਦੀ ਬਦੌਲਤ 5 ਵਿਕਟਾਂ 'ਤੇ 193 ਦੌੜਾਂ ਬਣਾਈਆਂ। ਸਮ੍ਰਿਤੀ ਨੇ ਸਿਰਫ 64 ਗੇਂਦਾਂ 'ਤੇ 124 ਦੌੜਾਂ ਦੀ ਸ਼ਾਨਦਾਰ ਪਾਰੀ ਖੇਡੀ | ਜਵਾਬ ਵਿੱਚ, ਵਿਰੋਧੀ ਟੀਮ 16.2 ਓਵਰਾਂ ਵਿੱਚ ਸਿਰਫ਼ 56 ਦੌੜਾਂ 'ਤੇ ਢੇਰ ਹੋ ਗਈ। ਭਾਰਤ ਵੱਲੋਂ ਦੀਪਤੀ ਸ਼ਰਮਾ ਨੇ 3 ਵਿਕਟਾਂ ਲਈਆਂ । ਹੁਣ ਭਾਰਤ ਭਲਕੇ ਪਾਕਿਸਤਾਨ ਵਿਰੁੱਧ

ਆਪਣਾ ਆਖਰੀ ਗਰੁੱਪ ਮੈਚ ਖੇਡੇਗਾ